ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਡਿਪਟੀ ਕਮਿਸ਼ਨਰ ਨੇ ਜਲ ਸਪਲਾਈ ਵਿਭਾਗ ਅਧੀਨ ਚੱਲ ਰਹੀਆਂ ਸਕੀਮਾਂ ਦਾ ਮੀਟਿੰਗ ਕਰਕੇ ਲਿਆ ਲੇਖਾ-ਜ਼ੋਖਾ

ਫਾਜ਼ਿਲਕਾ, 17 ਨਵੰਬਰ

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਵੱਲੋਂ ਜਲ ਸਪਲਾਈ ਵਿਭਾਗ ਅਧੀਨ ਚਲਾਈਆਂ ਜਾਂਦੀਆਂ ਸਕੀਮਾਂ ਤਹਿਤ ਲਾਭਪਾਤਰੀਆਂ ਨੂੰ ਦਿੱਤੇ ਜਾਂਦੇ ਲਾਭਾਂ ਸਬੰਧੀ ਵੱਖ-ਵੱਖ ਵਿਭਾਗੀ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਲੇਖਾ-ਜ਼ੋਖਾ ਲਿਆ ਗਿਆ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਮਿਥੇ ਸਮੇਂ ਅੰਦਰ ਟੀਚੇ ਪੂਰੇ ਕਰਨ ਲਈ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਯੋਗ ਲਾਭਪਾਤਰੀਆਂ ਨੂੰ ਪਾਣੀ ਸਪਲਾਈ ਦੇ ਕੁਨੈਕਸ਼ਨ ਸਮੇਂ ਸਿਰ ਮੁਹੱਈਆ ਕਰਵਾਏ ਜਾਣ। ਉਨ੍ਹਾਂ ਕਿਹਾ ਕਿ ਲਾਭਪਤਾਰੀਆਂ ਨੂੰ ਵਿਭਾਗ ਵੱਲੋਂ ਚਲਾਈਆਂ ਜਾਂਦੀਆਂ ਸਕੀਮਾਂ ਤਹਿਤ ਬਣਦਾ ਲਾਭ ਜਰੂਰ ਮੁਹੱਈਆ ਕਰਵਾਇਆ ਜਾਵੇ।ਉਨ੍ਹਾਂ ਕਿਹਾ ਕਿ ਕਿਸੇ ਵੀ ਲਾਭਪਾਤਰੀ ਨੂੰ ਵਾਟਰ ਸਪਲਾਈ ਕੁਨੈਕਸ਼ਨ ਮੁਹੱਈਆ ਕਰਵਾਉਣ ਤੋਂ ਵਾਂਝਾ ਨਾ ਰਹਿਣ ਦਿੱਤਾ ਜਾਵੇ।

ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਨੇ ਵਿਭਾਗ ਵੱਲੋਂ ਲਾਭਪਾਤਰੀਆਂ ਲਈ ਬਣਾਏ ਜਾਂਦੇ ਪਖਾਣਿਆਂ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ। ਉਨ੍ਹਾਂ ਅਧਿਕਾਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਜਿੰਨਾਂ ਲਾਭਪਾਤਰੀਆਂ ਨੂੰ ਪਖਾਣੇ ਬਣਾਉਣ ਤਹਿਤ ਲਾਭ ਦਿੱਤਾ ਜਾਣਾਂ ਹੈ ਉਨ੍ਹਾਂ ਨੂੰ ਤੈਅ ਸਮੇਂ ਅੰਦਰ ਲਾਹਾ ਦਿੱਤਾ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਪਾਣੀ ਸਪਲਾਈ ਦੇ ਕੁਨੈਕਸ਼ਨ ਅਤੇ ਪਖਾਣੇ ਬਣਾਉਣ ਦੇ ਬਕਾਇਆ ਪਏ ਕੇਸਾਂ ਨੂੰ ਬਣਦਾ ਲਾਭ ਦੇਣ ਲਈ ਸਰਕਾਰ ਨੂੰ ਤਜਵੀਜ਼ ਭੇਜੀ ਜਾਵੇ।ਉਨ੍ਹਾਂ ਕਿਹਾ ਕਿ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਯੋਗ ਲਾਭਪਾਤਰੀਆਂ ਨੂੰ ਹੀ ਬਣਦਾ ਲਾਭ ਦਿੱਤਾ ਜਾਵੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿ) ਸ੍ਰੀ ਨਵਲ ਰਾਮ, ਜੀ.ਓ.ਜੀ. ਹੈਡ ਕਰਨਲ ਆਈ.ਪੀ.ਐਸ ਘੁੰਮਣ, ਸਮੂਹ ਬੀ.ਡੀ.ਪੀ.ਓਜ਼ ਤੋਂ ਇਲਾਵਾ ਜਲ ਸਪਲਾਈ ਵਿਭਾਗ ਦੇ ਅਧਿਕਾਰੀ ਅਤੇ ਵੱਖ-ਵੱਖ ਰਾਜਨੀਤਿਕ ਨੁਮਾਇੰਦੇ ਮੌਜੂਦ ਸਨ।





ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ

ਬਰਸਾਤ ਤੋਂ ਬਾਅਦ ਘਰਾਂ ਵਿੱਚਕਿਤੇ ਵੀ ਖੜ੍ਹਾ ਸਾਫ ਪਾਣੀ ਡੇਂਗੂ ਮੱਛਰ ਦਾ ਕਾਰਨ: ਡਾ. ਕੁੰਦਨ ਕੇ ਪਾਲ

ਫਾਜ਼ਿਲਕਾ, 17 ਨਵੰਬਰ2020.

ਸਿਵਲ ਸਰਜਨ ਫਾਜ਼ਿਲਕਾ ਡਾ. ਕੁੰਦਨ ਕੇ ਪਾਲ ਨੇ ਡੇਂਗੂ ਬਾਰੇ ਜਾਗਰੂਕ ਕਰਦੇ ਹੋਏ ਦੱਸਿਆ ਕਿ ਇਸ ਬਰਸਾਤ ਤੋਂ ਬਾਅਦ ਸਾਡੇ ਘਰਾਂ ਦੀਆਂ ਛੱਤਾਂ ਤੇ ਪਏ ਹੋਏ ਕਬਾੜ, ਟੁੱਟੇ ਹੋਏ ਬਰਤਨ ਜਾਂ ਹੋਰ ਵਸਤੂਆਂ ਵਿੱਚ ਬਰਸਾਤ ਦਾ ਪਾਣੀ ਇਕੱਠਾ ਹੋ ਸਕਦਾ ਹੈ ਜਿੱਥੇ ਡੇਂਗੂ ਮੱਛਰ ਦੇ ਪੈਦਾ ਹੋਣ ਦੀ ਸੰਭਾਵਨਾ ਹੁੰਦੀ ਹੈ, ਇਸ ਲਈ ਅਜਿਹੇ ਥਾਵਾਂ ਤੋਂ ਪਾਣੀ ਨੂੰ ਚੰਗੀ ਤਰ੍ਹਾਂ ਸੁੱਕਾ ਦੇਣਾ ਚਾਹੀਦਾ ਹੈ ਤਾਂ ਜੋ ਡੇਂਗੂ ਮੱਛਰ ਪੈਦਾ ਨਾ ਹੋਸਕੇ।

ਸਿਵਲ ਸਰਜਨ ਨੇ ਦੱਸਿਆ ਕਿ ਸਾਡੇ ਘਰਾਂ ਵਿੱਚ ਜੇਕਰ ਕੂਲਰ ਅਤੇ ਗਮਲਿਆਂ ਵਿੱਚ ਪਾਣੀ ਪਿਆ ਹੈ ਤਾਂ ਉਸ ਨੂੰ ਕੱਢ ਦੇਣਾ ਚਾਹੀਦਾ ਹੈ ਤਾਂ ਜੋ ਡੇਂਗੂ ਮੱਛਰ ਨੂੰ ਪੈਦਾ ਹੋਣ ਤੋਂ ਰੋਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਥੋੜਾ ਜਿਹਾ ਵੀ ਬੁਖਾਰ ਹੈ ਤਾਂ ਉਹ ਆਪਣੇ ਨਜ਼ਦੀਕੀ ਹਸਪਤਾਲ ਵਿੱਚ ਜਾ ਕੇ ਡੇਂਗੂ ਅਤੇ ਕਰੋਨਦਾ ਟੈਸਟ ਜ਼ਰੂਰ ਕਰਵਾਉਣ ਅਤੇ ਆਪਣਾ ਇਲਾਜ ਸ਼ੁਰੂ ਕਰਵਾਉਣ। ਉਨ੍ਹਾਂ ਕਿਹਾ ਕਿ ਕਦੇ ਵੀ ਘਰ ਬੈਠ ਕੇ ਆਪਣਾਇਲਾਜ ਖੁਦ ਨਾ ਕਰੋ ਅਤੇ ਨਾ ਹੀ ਨੀਮ ਹਕੀਮਾਂ ਕੋਲੋਂ ਕਰਵਾਓ ਕਿਉਂਕਿ ਇਹ ਘਾਤਕ ਹੋ ਸਕਦਾ ਹੈ। ਉਨ੍ਹਾਂਕਿਹਾ ਕਿ ਬੁਖਾਰ ਹੋਣ ਦੀ ਸੂਰਤ ਵਿੱਚ ਕੇਵਲ ਪੈਰਾਸਿਟਾਮੋਲ ਹੀ ਲੈਣ ਅਤੇ ਤਰਲ ਪਦਾਰਥਾਂ ਤੇ ਪਾਣੀ ਆਦਿ ਦਾ ਸੇਵਨ ਕਰਨ।

ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਅਨਿਲ ਧਾਮੂ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਡੇਂਗੂ ਅਤੇ ਕਰੋਨਾ ਦੇ ਟੈਸਟ ਮੁਫ਼ਤ ਕੀਤੇ ਜਾਂਦੇ ਹਨ ਅਤੇ ਇਸ ਦਾ ਇਲਾਜ ਵੀ ਮੁਫ਼ਤ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਭ ਤੋਂ ਜ਼ਰੂਰੀ ਜਾਗਰੂਕ ਹੋ ਕੇ ਮੱਛਰਾਂ ਦੇ ਪੈਦਾ ਹੋਣ ਨੂੰ ਰੋਕਣਾ ਹੈ ਅਤੇ ਸਹੀ ਇਲਾਜ ਕਰਵਾਉਣਾ ਚਾਹੀਦਾ ਹੈ ਅਤੇ ਹਰ ਸ਼ੁੱਕਰਵਾਰਨੂੰ ਡ੍ਰਾਈ-ਡੇਅ ਵਜੋਂ ਮਨਾਉਣਾ ਚਾਹੀਦਾ ਹੈ।





ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਪਮੈਨ ਦੀ ਅਗਵਾਈ ਹੇਠ ਯੂ. ਟੀ. ਆਰ. ਸੀ. ਕਮੇਟੀ ਦੀ ਮੀਟਿੰਗ ਹੋਈ

ਫਾਜ਼ਿਲਕਾ, 17 ਨਵੰਬਰ

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ ਨਗਰ ਦੇ ਦਿਸ਼ਾ ਨਿਰਦੇਸ਼ਾ ਹੇਠ ਜ਼ਿਲ੍ਹਾ ਫਾਜ਼ਿਲਕਾ ਦੀ ਯੂ. ਟੀ. ਆਰ. ਸੀ. ਕਮੇਟੀ ਦੀ ਮੀਟਿੰਗ ਸ਼੍ਰੀ ਤਰਸੇਮ ਮੰਗਲਾ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਪਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਦੀ ਅਗਵਾਈ ਹੇਠ 17 ਨਵੰਬਰ 2020 ਨੂੰ ਹੋਈ।ਇਸ ਮੀਟਿੰਗ ਵਿੱਚ ਹਵਾਲਾਤੀਆਂ ਜਿਹਨਾਂ ਨੂੰ ਜਮਾਨਤ ਮਿਲ ਚੁੱਕੀ ਹੈ ਪਰ ਰਿਹਾ ਨਹੀਂ ਹੋਏ, ਅਨੁਕੂਲ ਅਪਰਾਧ ਅਤੇ ਹਵਾਲਾਤੀਆਂ ਜਿਹਨਾਂ ਨੂੰ ਧਾਰਾ 436-ਏ ਦੇ ਲਾਭ ਮਿਲ ਸਕਦੇ ਹਨ ਆਦਿ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।

ਇਹ ਮੀਟਿੰਗ ਸ. ਅਰਵਿੰਦ ਪਾਲ ਸਿੰਘ ਸੰਧੂ ਡਿਪਟੀ ਕਮਿਸ਼ਨਰ ਫਾਜ਼ਿਲਕਾ (ਵੀ ਸੀ ਰਾਹੀਂ), ਸ਼੍ਰੀ ਅਜੇ ਰਾਜ ਸਿੰਘ ਪੁਲਿਸ ਕਪਤਾਨ (ਡੀ), ਸ. ਗੁਰਪ੍ਰੀਤ ਸਿੰਘ ਸੋਢੀ ਡਿਪਟੀ ਸੁਪਰਡੈਂਟ ਸੱਬ ਜੇਲ੍ਹ ਫਾਜ਼ਿਲਕਾ, ਸ਼੍ਰੀ ਰਾਜ ਪਾਲ ਰਾਵਲ, ਮਾਣਯੋਗ ਸਕੱਤਰ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਅਤੇ ਸ਼੍ਰੀ ਅਮਿਤ ਕੁਮਾਰ ਗਰਗ, (ਸੀ.ਜੇ.ਐਮ), ਫਾਜ਼ਿਲਕਾ ਨੇ ਹਿੱਸਾ ਲਿਆ।

ਸ਼੍ਰੀ ਤਰਸੇਮ ਮੰਗਲਾ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਪਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਮਾਨਯੋਗ ਸੁਪਰੀਮ ਕੋਰਟ ਨੇ ਕੋਵਿਡ-19 ਮਹਾਮਾਰੀ ਕਰ ਕੇ ਦਿਸ਼ਾ ਨਿਰਦੇਸ਼ ਦਿੱਤੇ ਗਏ ਜਿਸ ਦੀ ਪਾਲਨਾ ਕਰਦੇ ਹੋਏ ਹਵਾਲਾਤੀਆ ਦੀ ਸਮੀਖੀਆਂ ਦੀ ਮੀਟਿੰਗ ਹਰ ਹਫਤੇ ਹੋ ਰਹੀ ਹਨ ਜਿਸ ਵਿੱਚ ਫਾਜ਼ਿਲਕਾ ਦੀਆਂ ਮਾਨਯੋਗ ਅਦਾਲਤਾਂ ਨੇ ਸੱਬ ਜੇਲ੍ਹ ਫਾਜ਼ਿਲਕਾ ਅਤੇ ਸੈਂਟਰਲ ਜੇਲ੍ਹ ਫਿਰੋਜ਼ਪੁਰ, ਫਰੀਦਕੋਟ, ਬਠਿੰਡਾ ਅਤੇ ਬਰਨਾਲਾ ਵਿੱਚ ਬੰਦ ਹਵਾਲਾਤੀ ਦੁਆਰਾ ਅੰਤਰਿਮ ਜ਼ਮਾਨਤ ਦੀ ਮੰਗ ਕੀਤੀ ਗਈ ਅਰਜ਼ੀਆਂ ਤੇ ਕਾਰਵਾਈ ਕੀਤੀ ਜਾਂਦੀ ਹੈ।ਉਹਨਾਂ ਨੇ ਦੱਸਿਆ ਕਿ ਸੱਬ ਜੇਲ੍ਹ, ਫਾਜ਼ਿਲਕਾ ਨੂੰ ਕੋਵਿਡ ਸੈਂਟਰ ਬਣਾ ਦਿੱਤਾ ਗਿਆ ਹੈ ਅਤੇ ਹੁਣ ਇਨਹਾਂ ਹਵਾਲਾਤੀਆਂ ਦੀ ਪੇਸ਼ੀ ਵੀਡੀਓ ਕਾਨਫਰੈਂਸਿੰਗ ਰਾਹੀਂ ਹੀ ਹੋਵੇਗੀ ਅਤੇ ਨਿਜੀ ਤੌਰ ਤੇ ਕੋਰਟ ਵਿੱਚ ਪੇਸ਼ੀ ਨਹੀਂ ਹੋਵੇਗੀ ਅਤੇ ਇਹ ਹਦਾਇਤਾਂ ਜ਼ਿਲ੍ਹੇ ਦੇ ਸਾਰੇ ਜੁਡੀਸ਼ੀਅਲ ਅਫਸਰਾਂ ਨੂੰ ਦਿੱਤੀ ਗਈ।

ਸ਼੍ਰੀ ਰਾਜ ਪਾਲ ਰਾਵਲ, ਮਾਨਯੋਗ ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਜੀਆਂ ਨੇ ਵਧੇਰੀ ਜਾਨਕਾਰੀ ਦੇਂਦਿਆਂ ਹੋਏ ਦੱਸਿਆ ਕਿ 25.03.2020 ਨੂੰ ਮਾਨਯੋਗ ਸੁਪਰੀਮ ਕੋਰਟ ਅਤੇ ਮਾਨਯੋਗ ਹਾਈ ਕੋਰਟ ਦੇ ਦਿਸ਼ਾ ਨਿਰਦੇਸ਼ਾਂ

ਅਨੁਸਾਰ ਗਿਆਰਾਂ (34) ਮੀਟਿੰਗਾਂ ਹੋਈਆਂ ਜਿਸ ਵਿੱਚ ਸੱਬ ਜੇਲ੍ਹ ਫਾਜ਼ਿਲਕਾ ਅਤੇ ਕੇਂਦਰੀ ਜੇਲ੍ਹ ਫਿਰੋਜ਼ਪੁਰ, ਬਰਨਾਲਾ, ਬਠਿੰਡਾ ਅਤੇ ਫਰੀਦਕੋਟ ਵਿੱਚ ਬੰਦ ਫਾਜ਼ਿਲਕਾ ਦੇ ਕੁੱਲ ਅੱਜ ਤੱਕ 774 ਹਵਾਲਤੀਆਂ ਨੂੰ ਅੰਤਰਿਮ ਜ਼ਮਾਨਤ ਦਿੱਤੀ ਗਈ। ਉਹਨਾਂ ਨੇ ਇਹ ਵੀ ਦੱਸਿਆ ਕਿ ਕੋਵਿਡ-19 ਮਾਹਾਮਾਰੀ ਨੂੰ ਦੇਖਦੇ ਹੋਏ ਜੇਲ੍ਹ ਦੇ ਹਵਾਲਾਤੀ ਅਤੇ ਕੈਦੀਆਂ ਦੀ ਮੁਸ਼ਕਿਲਾਂ ਨੂੰ ਵੀਡੀਓ ਕਾਨਫਰੈਂਸਿੰਗ ਰਾਹੀਂ ਸੁੱਨਿਆ ਜਾਂਦਾ ਹੈ ਅਤੇ ਸੱਬ ਜੇਲ੍ਹ ਫਾਜ਼ਿਲਕਾ ਨੂੰ ਵੀ ਸੈਨੇਟਾਈਜ਼ ਕਰਵਾਇਆ ਗਿਆ ਹੈ।

ਇਸ ਮੀਟਿੰਗ ਦੇ ਰਾਹੀਂ ਸ੍ਰੀ ਰਾਜ ਪਾਲ ਰਾਵਲ ਜੀ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਤਰ੍ਹਾਂ ਦੀ ਕਾਨੂੰਨੀ ਸਹਾਇਤਾ/ਸਲਾਹ ਲੈਣ ਲਈ 1968 ਨੰਬਰ ਜਾਂ 01638-261500 ਤੇ ਸੰਪਰਕ ਕਰ ਕੇ ਸਲਾਹ ਲੈ ਸਕਦੇ ਹੋ ਜਾਂ ਦਰਖਾਸਤ ਦਫ਼ਤਰ ਦੀ ਈ-ਮੇਲ ਆਈ.ਡੀ. dtlsa.fzk@pulsa.gov.in ਅਤੇ ਆਪਣੀ ਦਰਖਾਸਤ ਭੇਜ ਸਕਦੇ ਹੋ।



ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਟੀਵੀ ਪ੍ਰੋਗਰਾਮਾਂ ਵਿੱਚ ਪੇਸ਼ਕਾਰੀ ਕਰਨ ਵਾਲੇ ਨੰਨ੍ਹੇ ਉਸਤਾਦਾ ਨੂੰ ਕੀਤਾ ਸਨਮਾਨਿਤ

ਫਾਜ਼ਿਲਕਾ, 17 ਨਵੰਬਰ

ਸਿੱਖਿਆ ਵਿਭਾਗ ਵੱਲੋਂ ਟੀਵੀ ਤੇ ਪ੍ਰਸਾਰਿਤ ਕੀਤੇ ਜਾਦੇ ਸਿੱਖਿਆ ਅਤੇ ਮਨੋਰੰਜਕ ਗਤੀਵਿਧੀਆਂ ਤੇ ਆਧਾਰਿਤ ਪ੍ਰੋਗਰਾਮ ਨੰਨ੍ਹੇ ਉਸਤਾਦ ਵਿੱਚ ਪੇਸ਼ਕਾਰੀ ਕਰਕੇ ਜਿਲ੍ਹਾ ਫਾਜਿਲਕਾ ਦਾ ਨਾਂ ਰੋਸ਼ਨ ਕਰਨ ਵਾਲੇ ਨਿੱਕੇ ਉਸਤਾਦਾਂ ਨੂੰ ਬਾਲ ਦਿਵਸ ਤੇ ਜਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਅਤੇ ਸਕੈਂਡਰੀ ਡਾ ਸੁਖਵੀਰ ਸਿੰਘ ਬੱਲ ਨੈਸ਼ਨਲ ਅਵਾਰਡੀ ਵੱਲੋ ਸਨਮਾਨਿਤ ਕਰਕੇ ਹੌਂਸਲਾ ਅਫਜਾਈ ਕੀਤੀ ਗਈ। ਇਸ ਮੌਕੇ `ਤੇ ਕੋਵਿਡ 19ਦੀਆ ਹਦਾਇਤਾਂ ਦੀ ਪਾਲਣਾਂ ਕਰਦੇ ਹੋਏ ਇੱਕ ਸਾਦਾ ਸਮਾਗਮ ਕਰਵਾਇਆ ਗਿਆ।

ਇਸ ਸਮਾਗਮ ਰਾਹੀ ਅਨਾਹਤ ਕੰਬੋਜ, ਕਾਮਨਾ ਰਾਣੀ, ਸੰਤੋਸ਼ ਰਾਣੀ, ਕਿਰਨ ਬਾਲਾ, ਮੋਨਿਕਾ ਰਾਣੀ, ਸੰਜਨਾ, ਮੁਸਕਾਨ, ਮਨੀਸ਼ਾ, ਅਤੇ ਕਿਰਨ ਸਰਕਾਰੀ ਪ੍ਰਾਇਮਰੀ ਸਕੂਲ ਢਾਣੀ ਅਮਰਪੁਰਾ, ਬਲਾਕ ਫਾਜਿਲਕਾ-2 ਗਾਈਡ ਅਧਿਆਪਕਾਂ ਮਮਤਾ ਸਚਦੇਵ, ਵਿਦਿਆਰਥਣ ਮਾਹੀ, ਗਾਈਡ ਅਧਿਆਪਕ ਸਚਿਨ ਕੁਮਾਰ, ਸ. ਪ੍ਰ ਸਕੂਲ ਖੂਹੀ ਖੇੜਾ, ਬਲਾਕ ਫਾਜਿਲਕਾ 1, ਵਿਦਿਆਰਥਣ ਸੁਨੈਨਾ ਸ. ਪ੍ਰ ਸਕੂਲ ਘੁਰਕਾ ਬਲਾਕ ਫਾਜਿਲਕਾ 1, ਗਾਈਡ ਅਧਿਆਪਕ ਰਾਜ ਰਾਣੀ ਅਤੇ ਸੁਰੇਸ਼ ਕੁਮਾਰ, ਵਿਦਿਆਰਥਣ ਤਮੰਨਾ ਗਾਈਡ ਅਧਿਆਪਕਾ ਹਰਵਿੰਦਰ ਕੌਰ ਸ. ਪ੍ਰ ਸਕੂਲ ਬੁਰਜ ਮੁਹਾਰ ਬਲਾਕ ਅਬੋਹਰ 2 ,ਵਿਦਿਅਰਥਣ ਇਸਮਤ ਕੌਰ, ਗਾਈਡ ਅਧਿਆਪਕ ਰੰਜਨਾ, ਨੀਲਮ ਕੰਬੋਜ ਸ. ਪ੍ਰ ਸਕੂਲ ਹਸਤਾ ਕਲਾਂ ਬਲਾਕ ਫਾਜਿਲਕਾ 1, ਸ.ਪ੍ਰ ਸਕੂਲ ਮੁਹੰਮਦ ਅਮੀਰਾ ਅਧਿਆਪਕਾ ਮੈਡਮ ਸ਼ੈਲ ਸ ਪ੍ਰ ਸਕੂਲ ਥਾਰਾ ਸਿੰਘ ਵਾਲਾ, ਸ.ਪ੍ਰਾ ਸਕੂਲ ਡਿੱਬੀਪੁਰਾ ਆਦਿ ਸਕੂਲ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸਨਮਾਨਿਤ ਕਰਕੇ ਹੋਰ ਮੱਲਾ ਮਾਰਨ ਲਈ ਪ੍ਰੇਰਿਆ।

ਇਸ ਦੌਰਾਨ ਉਪ ਜਿਲ੍ਹਾ ਸਿੱਖਿਆ ਅਫਸਰ ਬ੍ਰਿਜ ਮੋਹਨ ਸਿੰਘ ਬੇਦੀ ਨੇ ਕਿਹਾ ਕਿ ਇਹਨਾਂ ਨਿੱਕੇ ਉਸਤਾਦਾਂ ਨੇ ਆਪਣੀ ਲਿਆਕਤ ਅਤੇ ਯੋਗਤਾ ਰਾਹੀ ਫਾਜ਼ਿਲਕਾ ਜਿਲ੍ਹੇ ਦਾ ਨਾ ਪੂਰੇ ਪੰਜਾਬ ਵਿਚ ਰੋਸ਼ਨ ਕੀਤਾ ਹੈ। ਇਸ ਮੌਕੇ ਉਕਤ ਬੱਚਿਆ ਦੇ ਗਾਇਡ ਅਧਿਆਪਕ ਦੀ ਡਾ. ਬੱਲ ਵੱਲੋ ਪ੍ਰਸ਼ੰਸ਼ਾ ਕੀਤੀ ਗਾਈ ਜਿਹਨਾ ਦੀ ਮਿਹਨਤ ਨੇ ਇਹਨਾਂ ਹੀਰਿਆ ਨੂੰ ਤਰਾਸ਼ਿਆ ਹੈ।

ਇਸ ਮੌਕੇ ਜਿਲ੍ਹਾ ਕੋਆਰਡੀਨੇਟਰ ਪੜ੍ਹੋ ਪੰਜਾਬ ਪੜ੍ਹਾਓ ਪੰਜਾਬ ਰਜਿੰਦਰ ਕੁਮਾਰ, ਸਟੇਟ ਕੋਰ ਕਮੇਟੀ ਮੈਂਬਰ ਲਵਜੀਤ ਸਿੰਘ ਗਰੇਵਾਲ, ਬੀਪੀਈਓ ਸਤੀਸ਼ ਮਿਗਲਾਨੀ, ਸਿੱਖਿਆ ਸੁਧਾਰ ਟੀਮ ਮੈਂਬਰ ਅੰਕੁਰ ਸ਼ਰਮਾ, ਜਿਲ੍ਹਾ ਸ਼ੋਸ਼ਲ ਮੀਡੀਆ ਕੋਆਰਡੀਨੇਟਰ ਸੰਦੀਪ ਗੁੰਬਰ ਅਤੇ ਜਿਲ੍ਹਾ ਮੀਡੀਆ ਕੋਆਰਡੀਨੇਟਰ ਇਨਕਲਾਬ ਗਿੱਲ ਮੌਜੂਦ ਸਨ।